# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :25-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਬਿਜਲੀ ਮੰਤਰੀ ਮਨੋਹਰ ਲਾਲ ਨੇ ਊਰਜਾ ਪ੍ਰਣਾਲੀਆਂ 'ਤੇ ਮਜ਼ਬੂਤ ਬ੍ਰਿਕਸ ਸਹਿਯੋਗ ਦਾ ਸੱਦਾ ਦਿੱਤਾ।
- ਪੰਜਾਬ ਭਰ ਵਿੱਚ ਅੱਜ ਤੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਸ਼ੁਰੂ ਹੋਈ -24 ਜੁਲਾਈ ਤੱਕ ਜਾਰੀ ਰਹੇਗੀ।
- ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਲੜਾਈ ਲਈ ਪੂਰੇ ਸਮਾਜ ਦੀ ਭਾਗੀਦਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦਿਆਂ ਅੱਜ 'ਸਾਂਝਾ ਸੁਨੇਹਾ -ਇਕਜੁੱਟ ਪੰਜਾਬ' ਪ੍ਰੋਗਰਾਮ ਦਾ ਆਯੋਜਨ।
- ਫਰਾਂਸ ਵਿੱਚ ਭਾਰਤੀ ਵਿਦੇਸ਼ ਮੰਤਰਾਲੇ ਦੇ ਦਖਲ ਤੋਂ ਬਾਅਦ ਅੱਜ ਪੈਰਿਸ ਵਿੱਚ ਹੋਣ ਵਾਲੀ ਚੰਡੀਗੜ੍ਹ ਦੇ ਵਿਰਾਸਤੀ ਫਰਨੀਚਰ ਦੀ ਨਿਲਾਮੀ ਰੋਕੀ ਗਈ।

- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਵਿਚ ਵੱਖ ਵੱਖ ਕਾਰਵਾਈਆਂ ਦੌਰਾਨ, 9 ਮੁਲਜ਼ਮਾਂ ਨੂੰ 12 ਹਥਿਆਰਾਂ, ਵੱਡੀ ਗਿਣਤੀ ਵਿਚ ਕਾਰਤੂਸ ਅਤੇ ਨਕਦੀ ਸਮੇਤ ਕੀਤਾ ਗ੍ਰਿਫ਼ਤਾਰ।
- ਔਰਤਾਂ ਦੇ ICC twenty- twenty ਕ੍ਰਿਕੇਟ ਵਿਸ਼ਵ ਕੱਪ ਦੇ ਗਰੁੱਪ-ਏ ਮੈਚ ਵਿੱਚ, ਭਾਰਤ ਦਾ ਮੁਕਾਬਲਾ ਸ਼ਾਮ 7 ਵਜੇ ਬੰਗਲਾਦੇਸ਼ ਨਾਲ।

**ਹੁਣ ਖ਼ਬਰਾਂ ਵਿਸਥਾਰ ਨਾਲ।**

ਕੇਂਦਰੀ ਊਰਜਾ ਮੰਤਰੀ ਮਨੋਹਰ ਲਾਲ ਨੇ ਕਿਹਾ ਏ ਕਿ ਭਾਰਤ ਊਰਜਾ ਪ੍ਰਣਾਲੀਆਂ ਦੇ ਨਿਰਮਾਣ ਲਈ ਬ੍ਰਿਕਸ ਸਹਿਯੋਗ ਨੂੰ ਮਜ਼ਬੂਤ ਕਰਨਾ ਚਾਹੁੰਦਾ ਏ। ਗੁਰੂਗ੍ਰਾਮ ਵਿੱਚ 11ਵੀਂ ਬ੍ਰਿਕਸ ਊਰਜਾ ਮੰਤਰੀਆਂ ਦੀ ਮੀਟਿੰਗ ਦਾ ਉਦਘਾਟਨ ਕਰਦੇ ਹੋਏ, ਉਨ੍ਹਾਂ ਕਿਹਾ ਕਿ ਵਿਕਾਸ ਦੀਆਂ ਇੱਛਾਵਾਂ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਕਿਫਾਇਤੀ, ਭਰੋਸੇਮੰਦ ਅਤੇ ਨਿਰੰਤਰ ਰਹਿਣ ਯੋਗ ਊਰਜਾ ਜ਼ਰੂਰੀ ਏ। ਸਮੁੱਚੀ ਊਰਜਾ ਮੁੱਲ ਲੜੀ ਵਿੱਚ ਭਾਰਤ ਦੇ ਨਿਵੇਸ਼ਾਂ ਨੂੰ ਉਜਾਗਰ ਕਰਦੇ ਹੋਏ, ਕੇਂਦਰੀ ਮੰਤਰੀ  ਨੇ ਕਿਹਾ ਕਿ ਭਾਰਤ, ਦੁਨੀਆ ਦੀਆ ਸਭ ਤੋਂ ਵੱਡੀਆਂ ਡਿਜੀਟਲ ਤੌਰ 'ਤੇ ਸਮਰੱਥ ਬਿਜਲੀ ਪ੍ਰਣਾਲੀਆਂ ਵਿੱਚੋਂ ਇੱਕ ਦੀ ਬੁਨਿਆਦ ਰੱਖ ਰਿਹਾ ਏ। ਉਨ੍ਹਾਂ ਕਿਹਾ ਕਿ 6 ਕਰੋੜ ਤੋਂ ਵੱਧ

ਸਮਾਰਟ ਮੀਟਰ ਪਹਿਲਾਂ ਹੀ ਲਾਏ ਜਾ ਚੁਕੇ ਨੇ ਅਤੇ ਇਹ ਤਬਦੀਲੀ ਆਉਣ ਵਾਲੇ ਸਾਲਾਂ ਵਿੱਚ ਵੱਡੇ ਪੱਧਰ 'ਤੇ ਜਾਰੀ ਰਹੇਗੀ ।

BYTE

---------------------------------------------------------

ਪੰਜਾਬ ਭਰ ਵਿੱਚ ਅੱਜ ਤੋਂ ਮਹੀਨਾ ਭਰ ਚੱਲਣ ਵਾਲੀ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਸ਼ੁਰੂ ਹੋ ਗਈ ਏ । ਇਹ 24 ਜੁਲਾਈ ਤੱਕ ਜਾਰੀ ਰਹੇਗੀ । ਅੱਜ ਤੋਂ 24 ਜੁਲਾਈ ਤੱਕ ਬੂਥ-ਪੱਧਰ ਅਧਿਕਾਰੀ-BLOs ਘਰ-ਘਰ ਦੌਰੇ ਦੌਰਾਨ ਗਣਨਾ ਫਾਰਮਾਂ ਦੀ ਵੰਡ, ਭਰਨ ਅਤੇ ਜਾਣਕਾਰੀ ਇਕੱਤਰ ਕਰਨਗੇ । ਅੰਤਿਮ ਵੋਟਰ ਸੂਚੀ ਪਹਿਲੀ ਅਕਤੂਬਰ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਇਸ ਦੋਰਾਨ, ਜਲੰਧਰ ਦੇ ਜ਼ਿਲ੍ਹਾ ਚੋਣ ਅਫ਼ਸਰ, ਵਰਜੀਤ ਵਾਲੀਆ ਨੇ ਚੱਲ ਰਹੀ ਵਿਸ਼ੇਸ਼ ਤੀਬਰ ਸੋਧ ਦੀ ਨਿਗਰਾਨੀ ਕਰਨ ਲਈ ਇੱਕ ਖੇਤਰੀ ਦੌਰਾ ਕੀਤਾ। ਦੌਰੇ ਦੌਰਾਨ ਵਸਨੀਕਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਉਨ੍ਹਾਂ ਨੂੰ ਇਸ ਅਭਿਆਸ ਦੇ ਉਦੇਸ਼ ਅਤੇ ਪ੍ਰਕਿਰਿਆ ਤੋਂ ਜਾਣੂ ਕਰਵਾਇਆ।

---------------------------------------------------------

ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ ਲੜਾਈ ਲਈ ਪੂਰੇ ਸਮਾਜ ਦੀ ਭਾਗੀਦਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦਿਆਂ ਅੱਜ ‘ਸਾਂਝਾ ਸੁਨੇਹਾ - ਇਕਜੁੱਟ ਪੰਜਾਬ’ ਨਾਮੀ ਨਿਵੇਕਲੇ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ

ਦਾ ਉਦੇਸ਼ ਸਰਕਾਰੀ ਏਜੰਸੀਆਂ, ਕਮਿਊਨਿਟੀ ਲੀਡਰਾਂ, ਸਿਵਲ ਸੁਸਾਇਟੀ ਸੰਸਥਾਵਾਂ ਅਤੇ ਸੋਸ਼ਲ ਮੀਡੀਆ ਇਨਫਲੂਐਂਸਰਾਂ ਦਰਮਿਆਨ ਭਾਈਵਾਲੀ ਕਾਇਮ ਕਰਨਾ ਏ  ਤਾਂ ਜੋ ਸੂਬੇ ਵਿੱਚ ਨਸ਼ਿਆਂ ਨਾਲ ਨਜਿੱਠਿਆ ਜਾ ਸਕੇ। ਇਹ ਪ੍ਰੋਗਰਾਮ ਡਾਟਾ ਇੰਟੈਲੀਜੈਂਸ ਅਤੇ ਟੈਕਨੀਕਲ ਸਪੋਰਟ ਯੂਨਿਟ ਵੱਲੋਂ ਆਯੋਜਿਤ ਕੀਤਾ ਗਿਆ, ਜੋ ਪੰਜਾਬ ਵਿਚ ਨਸ਼ਾ ਵਿਰੋਧੀ ਵਿਆਪਕ ਕਾਰਵਾਈ ਦਾ ਤਕਨੀਕੀ ਆਧਾਰ ਏ । ਇਸ ਸਮਾਗਮ ਵਿੱਚ 40 ਤੋਂ ਵੱਧ ਸੰਸਥਾਵਾਂ ਦੇ 80 ਤੋਂ ਵੱਧ ਨੁਮਾਇੰਦਿਆਂ  ਨੇ ਹਿੱਸਾ ਲਿਆ। ਇਹ ਸੰਸਥਾਵਾਂ ਸਿੱਖਿਆ, ਮਾਨਸਿਕ ਸਿਹਤ, ਨਸ਼ਾ-ਛੁਡਾਉਣ, ਬੱਚਿਆਂ ਦੀ ਸੁਰੱਖਿਆ, ਯੁਵਕ ਭਲਾਈ, ਔਰਤ ਦੇ ਸਸ਼ਕਤੀਕਰਨ, ਕਮਿਊਨਿਟੀ ਆਊਟਰੀਚ ਅਤੇ ਖੇਡਾਂ ਵਿਚ ਕੰਮ ਕਰ ਰਹੀਆਂ ਨੇ । ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਨਸ਼ਾ ਵਿਰੋਧੀ ਲੜਾਈ ਵਿਚ ਸਮਾਜ ਤੇ ਲੋਕਾਂ ਦੀ ਸਾਂਝੀ ਕਾਰਵਾਈ ‘ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲਾਗੂਕਰਨ, ਇਲਾਜ ਤੇ ਮੁੜ ਵਸੇਬਾ ਅਤੇ ਰੋਕਥਾਮ ਦੀ ਵਿਆਪਕ ਰਣਨੀਤੀ ਅਪਣਾਈ ਏ । ਉਨ੍ਹਾਂ ਕਿਹਾ, “ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਇਸ ਮੁਹਿੰਮ ਨੂੰ ਸਕੂਲਾਂ ਅਤੇ ਕਾਲਜਾਂ ਵਿਚ ਵੀ ਲਾਗੂ ਕੀਤਾ ਏ  । ਉਨ੍ਹਾਂ ਸਰਕਾਰ ਵੱਲੋਂ ਨਸ਼ਾ ਛੁਡਾਊ ਸੇਵਾਵਾਂ ਨੂੰ ਮਜ਼ਬੂਤ ਕਰਨ, ਮੁੜ ਵਸੇਬਾ ਸਹੂਲਤਾਂ ਦਾ

ਵਿਸਥਾਰ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਜਾਗਰੂਕਤਾ ਫੈਲਾਉਣ ਦੇ ਯਤਨਾਂ ਬਾਰੇ ਵੀ ਜਾਣਕਾਰੀ ਦਿੱਤੀ। ਭਾਗੀਦਾਰਾਂ ਨੇ  ਸਕੂਲਾਂ ਅਤੇ ਕਾਲਜਾਂ ਵਿਚ ਰੋਕਥਾਮ, ਸਿਹਤ ਅਤੇ ਵੈਲਨੈੱਸ, ਦੇਖਭਾਲ ਦੀ ਲੋੜ ਵਾਲੇ ਬੱਚਿਆਂ ਅਤੇ ਕਾਨੂੰਨੀ ਕੇਸਾਂ ਵਾਲੇ ਬੱਚਿਆਂ ਲਈ ਸਹਾਇਤਾ ਅਤੇ ਖੇਡਾਂ ਤੇ ਹੋਰ ਗਤੀਵਿਧੀਆਂ ਰਾਹੀਂ ਯੁਵਾ ਸਸ਼ਕਤੀਕਰਨ ‘ਤੇ ਚਰਚਾ ਕੀਤੀ।

---------------------------------------------------------

ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸੂਬੇ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਜਾਰੀ “ਯੁੱਧ ਨਸ਼ਿਆਂ ਵਿਰੁੱਧ ਮੁਹਿੰਮ” ਤਹਿਤ ਅੱਜ ਫ਼ਤਹਿਗੜ੍ਹ ਸਾਹਿਬ ਵਿਖੇ ਪਿੰਡ ਸੁਰੱਖਿਆ ਕਮੇਟੀਆ, ਬਲਾਕ ਕੋਆਰਡੀਨੇਟਰਾਂ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਉਣ ਤੱਕ ਨਸ਼ਿਆ ਵਿਰੁੱਧ ਜੰਗ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਵਿਅਕਤੀ ਦੀ ਨਹੀਂ ਸਗੋਂ ਪੂਰੇ ਸਮਾਜ ਦੀ ਜ਼ਿੰਮੇਵਾਰੀ ਏ । ਜੇਕਰ ਹਰ ਜਾਗਰੂਕ ਨਾਗਰਿਕ ਆਪਣਾ ਫਰਜ਼ ਸਮਝ ਕੇ ਇਸ ਮੁਹਿੰਮ ਵਿੱਚ ਯੋਗਦਾਨ ਪਾਵੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਇਆ ਜਾ ਸਕਦਾ ਏ । ਉਨ੍ਹਾਂ ਇਸ ਮੁਹਿੰਮ ਨਾਲ ਜੁੜੇ

ਕੋਆਰਡੀਨੇਟਰਾਂ, ਹਲਕਾ ਇੰਚਾਰਜਾਂ ਤੇ ਟੀਮ ਸਮੇਤ ਸਿਵਲ ਤੇ ਪੁਲਿਸ ਅਧਿਕਾਰੀਆਂ ਦੇ ਕੰਮ ਦੀ ਸ਼ਲਾਘਾ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵਲੋਂ ਪਿੰਡ ਪੱਧਰ ਤੇ ਖੇਡ ਸਟੇਡੀਅਮਾਂ ਦੀ ਉਸਾਰੀ ਕਰਵਾਈ ਜਾ ਰਹੀ ਏ ਤਾਂ ਜੋ ਨੌਜਵਾਨਾਂ ਵਰਗ ਨੂੰ ਖੇਡਾਂ ਨਾਲ ਜੋੜਿਆ ਜਾਵੇ। ਉਨ੍ਹਾਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਮੇਟੀਆਂ ਨਾਲ ਤਾਲਮੇਲ ਬਣਾ ਕੇ ਰੱਖਣ ਅਤੇ ਨਸ਼ਿਆ ਦੀ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣ ਦੇ ਹੁਕਮ ਜਾਰੀ ਕੀਤੇ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅਜੈ ਸਿੰਘ ਲਿਬੜਾ ਹੋਰ ਪ੍ਰਸ਼ਾਸ਼ਨਿਕ ਅਧਿਕਾਰੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

-----------------------------------------------------

ਫਰਾਂਸ ਵਿੱਚ ਭਾਰਤੀ ਦੂਤਾਘਰ ਦੇ ਦਖਲ ਤੋਂ ਬਾਅਦ ਅੱਜ ਪੈਰਿਸ ਵਿੱਚ ਹੋਣ ਵਾਲੀ ਚੰਡੀਗੜ੍ਹ ਦੇ ਵਿਰਾਸਤੀ ਫਰਨੀਚਰ ਦੀ ਨਿਲਾਮੀ ਰੋਕ ਦਿੱਤੀ ਗਈ ਏ । ਸਵਿਜ਼ਰਲੈਂਡ ਦੇ ਪ੍ਰਸਿੱਧ ਆਰਕੀਟੈਕਟ ਅਤੇ ਫਰਨੀਚਰ ਡਿਜ਼ਾਈਨਰ, ਪੀਅਰੇ ਜੀਨੇਰੇ ਵਲੋਂ ਡਿਜ਼ਾਈਨ ਕੀਤੀਆਂ ਗਈਆਂ ਦੋ ਕੁਰਸੀਆਂ ਦੀ ਅੱਜ ਨਿਲਾਮੀ ਹੋਣੀ ਸੀ। ਇੱਕ ਅਧਿਕਾਰਤ ਬਿਆਨ ਵਿੱਚ, ਚੰਡੀਗੜ੍ਹ ਪ੍ਰਸ਼ਾਸਨ ਨੇ ਸੂਚਿਤ ਕੀਤਾ ਏ ਕਿ ਵਿਦੇਸ਼ ਮੰਤਰਾਲੇ ਦੇ ਦਖਲ ਤੋਂ ਬਾਅਦ ਸਬੰਧਤ ਵਸਤੂਆਂ ਨੂੰ ਨਿਲਾਮੀ ਤੋਂ ਵਾਪਸ ਲੈ ਲਿਆ

ਗਿਆ ਏ । ਇਹ ਕਾਰਵਾਈ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੇ ਨਿਰਦੇਸ਼ਾਂ 'ਤੇ ਚੰਡੀਗੜ੍ਹ ਦੇ ਸੱਭਿਆਚਾਰਕ ਵਿਭਾਗ ਨੂੰ ਕੀਤੀ ਗਈ ਸੀ, ਜਿਨ੍ਹਾਂ ਨੇ ਤੁਰੰਤ ਕੂਟਨੀਤਕ ਦਖਲ ਦੀ ਮੰਗ ਕਰਦੇ ਹੋਏ ਇਹ ਮਾਮਲਾ ਵਿਦੇਸ਼ ਮੰਤਰਾਲੇ ਕੋਲ ਉਠਾਇਆ। ਚੰਡੀਗੜ੍ਹ ਪ੍ਰਸ਼ਾਸਨ ਨੇ ਕੀਮਤੀ ਵਿਰਾਸਤੀ ਸੰਪਤੀਆਂ ਦੀ ਸੁਰੱਖਿਆ ਵਿੱਚ ਸਮੇਂ ਸਿਰ ਸਹਾਇਤਾ ਲਈ ਮੰਤਰਾਲੇ ਦਾ ਧੰਨਵਾਦ ਕੀਤਾ ਏ । ਪ੍ਰਸ਼ਾਸਨ ਨੇ ਵਸਤੂਆਂ ਦੀ ਤਸਦੀਕ, ਰਿਕਵਰੀ ਅਤੇ ਵਾਪਸੀ ਲਈ ਸਾਰੇ ਜ਼ਰੂਰੀ ਕਦਮ ਚੁੱਕਣ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

---------------------------------------------------

ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਬਚਨ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਗਿਆਨੀ ਰਾਜਦੀਪ ਸਿੰਘ ਨੇ ਸੰਗਤਾਂ ਨਾਲ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੇ ਲਾਸਾਨੀ ਇਤਿਹਾਸ ਬਾਰੇ ਵਿਚਾਰ ਸਾਂਝੇ ਕੀਤੇ ਅਤੇ

ਨੌਜੁਆਨਾਂ  ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ।

-----------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੀ ਸ਼ਹੀਦੀ ਦਿਹਾੜੇ  'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ ਸ਼ਾਹ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਇੱਕ ਮਹਾਨ ਯੋਧਾ, ਖਾਲਸਾ ਫੌਜ ਦੇ ਪਹਿਲੇ ਸੈਨਾਪਤੀ ਅਤੇ ਬੇਮਿਸਾਲ ਬਹਾਦਰੀ ਦੇ ਪ੍ਰਤੀਕ ਸਨ। ਉਨ੍ਹਾਂ ਕਿਹਾ ਕਿ ਮਾਤ ਭੂਮੀ, ਧਰਮ ਅਤੇ ਸਵੈ-ਮਾਣ ਦੀ ਰੱਖਿਆ ਲਈ ਸਮਰਪਿਤ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੀ ਬੇਮਿਸਾਲ ਹਿੰਮਤ ਅਤੇ ਕੁਸ਼ਲ ਅਗਵਾਈ ਨਾਲ ਮੁਗਲ ਫੌਜ ਨੂੰ ਕਈ ਵਾਰ ਹਰਾਇਆ। ਗ੍ਰਹਿ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਕਿਸਾਨਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਯਕੀਨੀ ਬਣਾਉਣ ਲਈ ਇੱਕ ਨਿਆਂਪੂਰਨ ਪ੍ਰਣਾਲੀ ਸਥਾਪਤ ਕੀਤੀ।  ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਮਹਾਨ ਸਿੱਖ ਯੋਧੇ ਅਤੇ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਹਾੜੇ ’ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਪੀਕਰ ਸੰਧਵਾਂ ਨੇ ਮਹਾਨ ਸਿੱਖ ਜਰਨੈਲ ਦੀ ਬੇਮਿਸਾਲ ਕੁਰਬਾਨੀ ਨੂੰ ਚੇਤੇ ਕੀਤਾ। ਉਨ੍ਹਾਂ ਨੇ ਪਹਿਲੇ ਪ੍ਰਭੂਸੱਤਾ ਸੰਪੰਨ ਸਿੱਖ ਰਾਜ ਦੀ ਸਥਾਪਨਾ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੀ ਇਤਿਹਾਸਕ ਭੂਮਿਕਆ ’ਤੇ

ਚਾਨਣਾ ਪਾਇਆ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਅੱਜ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਨੂੰ ਨਮਨ ਕੀਤਾ ਏ।

---------------------------------------------------

ਪੰਜਾਬ ਸਰਕਾਰ ਨੇ 'ਅਸ਼ੀਰਵਾਦ ਯੋਜਨਾ ਤਹਿਤ ਚਾਲੂ ਵਿੱਤੀ ਸਾਲ 2026-27 ਦੌਰਾਨ ਅਨੁਸੂਚਿਤ ਜਾਤੀਆਂ ਦੇ 3282 ਲਾਭਪਾਤਰੀਆਂ ਨੂੰ 16 ਕਰੋੜ 74 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਏ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਪੋਰਟਲ 'ਤੇ ਕੁੱਲ 14 ਜ਼ਿਲ੍ਹਿਆਂ ਤੋਂ 3282 ਲਾਭਪਾਤਰੀਆਂ ਦੀਆਂ ਦਰਖਾਸਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਸਾਰੀਆਂ ਨੂੰ ਇਸ ਰਾਸ਼ੀ ਨਾਲ ਕਵਰ ਕਰ ਲਿਆ ਗਿਆ ਏ। ਇਨ੍ਹਾਂ ਜ਼ਿਲ੍ਹਿਆਂ ਵਿੱਚ ਅੰਮ੍ਰਿਤਸਰ, ਬਰਨਾਲਾ, ਬਠਿੰਡਾ, ਫਰੀਦਕੋਟ, ਫਤਹਿਗੜ੍ਹ ਸਾਹਿਬ, ਜਲੰਧਰ, ਕਪੂਰਥਲਾ, ਮਾਨਸਾ, ਪਟਿਆਲਾ, ਪਠਾਨਕੋਟ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਨਾਲ ਸਭ ਤੋਂ ਵੱਧ ਜ਼ਿਲ੍ਹਾ ਅੰਮ੍ਰਿਤਸਰ ਦੇ 1178 ਅਤੇ ਜਲੰਧਰ ਦੇ 877 ਪਰਿਵਾਰਾਂ ਨੂੰ ਲਾਭ ਮਿਲਿਆ ਏ।

---------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਕੇਂਦਰੀ ਏਜੰਸੀ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਸਰਹੱਦ ਪਾਰ ਤੋਂ ਚਲਾਏ ਜਾ ਰਹੇ ਨਾਜਾਇਜ਼ ਹਥਿਆਰਾਂ, ਨਸ਼ਿਆਂ ਅਤੇ ਹਵਾਲਾ ਰੈਕਟ ਦੇ ਇੱਕ ਵੱਡੇ ਨੈੱਟਵਰਕ ਦਾ ਪਰਦਾਫਾਸ ਕਰਦੇ ਹੋਏ ਸੱਤ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਇਸ ਕਾਰਵਾਈ ਦੌਰਾਨ ਭਾਰੀ ਮਾਤਰਾ ਵਿੱਚ ਆਧੁਨਿਕ ਹਥਿਆਰ, ਹੇਰੋਇਨ ਅਤੇ ਹਵਾਲਾ ਲੈਣ ਦੇਣ ਨਾਲ ਜੁੜੀ ਨਕਦੀ ਬਰਾਮਦ ਕੀਤੀ ਗਈ ਏ । ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਵੇਰਵੇ ਦਿੰਦਿਆਂ ਦੱਸਿਆ ।

BYTE

ਜਾਂਚ ਵਿੱਚ ਸਾਹਮਣੇ ਆਇਆ ਏ ਕਿ ਇਹ ਪੂਰਾ ਨੈੱਟਵਰਕ ਵਿਦੇਸ਼ ਵਿੱਚ ਬੈਠੇ ਹੈਂਡਲਰ ਹੈਰੀ ਸਰਪੰਚ ਅਤੇ ਪਾਕਿਸਤਾਨ ਦੇ ਇੱਕ ਤਸਕਰ ਦੇ ਇਸ਼ਾਰੇ 'ਤੇ ਚਲਾਇਆ ਜਾ ਰਿਹਾ ਸੀ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਬਹੁਤੇ ਨੌਜਵਾਨ ਸਰਹੱਦੀ ਇਲਾਕਿਆਂ ਨਾਲ ਸਬੰਧਤ ਹਨ ਅਤੇ ਛੋਟੇ-ਮੋਟੇ ਕੰਮ ਕਰਦੇ ਸਨ। ਉਨ੍ਹਾਂ ਨੂੰ ਤੇਜ਼ੀ ਨਾਲ ਪੈਸਾ ਕਮਾਉਣ ਦੇ ਲਾਲਚ ਵਿੱਚ ਇਸ ਨੈੱਟਵਰਕ ਨਾਲ ਜੋੜਿਆ ਗਿਆ ਸੀ। ਪੁਲਿਸ ਅਗਲੇਰੀ ਜਾਂਚ ਕਰ ਰਹੀ ਏ । ਓਧਰ ਫਾਜ਼ਿਲਕਾ ਵਿੱਚ ਸੀ.ਆਈ.ਏ ਸਟਾਫ ਨੇ ਪੁਲਿਸ ਨਾਲ ਮਿਲ ਕੇ ਕਾਰਵਾਈ ਕਰਦਿਆਂ ਇੱਕ ਨਾਬਾਲਗ ਸਮੇਤ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਤੋਂ ਚਾਰ

ਪਿਸਤੌਲਾਂ, ਚਾਰ ਮੈਗਜ਼ੀਨ ਅਤੇ ਚਾਰ ਕਾਰਤੂਸ ਬਰਾਮਦ ਕੀਤੇ ਨੇ । ਫਾਜ਼ਿਲਕਾ ਦੇ ਪੁਲਿਸ ਕਪਤਾਨ ਡੀ. ਤਰੁਣ ਰਤਨ ਨੇ ਦੱਸਿਆ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਜਲਾਲਾਬਾਦ ਦੇ ਰਹਿਣ ਵਾਲੇ ਨੇ । ਉਨ੍ਹਾਂ ਦਸਿਆ ਕਿ  ਜ਼ਬਤ ਕੀਤੇ ਗਏ ਹਥਿਆਰ ਡਰੋਨ ਰਾਹੀਂ ਪਾਕਿਸਤਾਨ ਤੋਂ ਮੰਗਵਾਏ ਗਏ ਸਨ। ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕਰਕੇ  ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।

----------------------------------------------------

ਭਾਰਤੀ ਰਿਜ਼ਰਵ ਬੈਂਕ- RBI ਨੇ ਅੰਤਰ-ਰਾਸ਼ਟਰੀ ਸੂਖਮ,ਲਘੂ ਤੇ ਦਰਮਿਆਨੇ ਉਦਯੋਗਾਂ-MSME ਬਾਰੇ ਦਿਵਸ ਮੌਕੇ, ਜਲੰਧਰ ਵਿੱਚ MSME ਅਤੇ ਉੱਦਮੀਆਂ ਲਈ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਸਮਾਗਮ ਨੇ ਭਾਰਤ ਦੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਨੂੰ ਮਜ਼ਬੂਤ ਕਰਨ ਲਈ RBI ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਵਚਨਬੱਧਤਾ ਨੂੰ ਉਜਾਗਰ ਕੀਤਾ, ਜਿਨ੍ਹਾਂ ਨੂੰ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਵਜੋਂ ਵਿਆਪਕ ਤੌਰ 'ਤੇ ਮਾਨਤਾ ਪ੍ਰਾਪਤ ਏ । RBI ਚੰਡੀਗੜ੍ਹ ਦੇ ਖੇਤਰੀ ਨਿਰਦੇਸ਼ਕ, ਵਿਵੇਕ ਸ਼੍ਰੀਵਾਸਤਵ ਨੇ ਜ਼ਿਕਰ ਕੀਤਾ ਕਿ RBI ਨੇ MSME ਲਈ ਵਿਸ਼ੇਸ਼ ਬੈਂਕ ਸ਼ਾਖਾਵਾਂ ਸਮੇਤ ਆਪਣੀਆਂ ਵੱਖ-ਵੱਖ ਪਹਿਲਕਦਮੀਆਂ ਰਾਹੀਂ MSME ਖੇਤਰ ਦੇ ਮਾਮਲੇ ਨੂੰ ਲਗਾਤਾਰ ਅੱਗੇ ਵਧਾਇਆ ਏ , ਜਿਨ੍ਹਾਂ ਨੇ ਲੱਖਾਂ ਉੱਦਮੀਆਂ ਨੂੰ ਵਿੱਤ

ਤੱਕ ਪਹੁੰਚ ਕਰਨ, ਉਨ੍ਹਾਂ ਦੇ ਕਾਰੋਬਾਰਾਂ ਨੂੰ ਵਧਾਉਣ ਅਤੇ ਭਾਰਤ ਦੇ GDP ਅਤੇ ਬਰਾਮਦ ਵਿੱਚ ਯੋਗਦਾਨ ਪਾਉਣ ਵਿੱਚ ਮਦਦ ਕੀਤੀ ਏ। ਮਹਿਲਾ ਉੱਦਮੀਆਂ ਅਤੇ ਪਹਿਲੀ ਵਾਰ ਉਧਾਰ ਲੈਣ ਵਾਲਿਆਂ ਨੂੰ ਸਟੈਂਡ-ਅੱਪ ਇੰਡੀਆ, ਮਹਿਲਾ ਉਦਮ ਨਿਧੀ ਅਤੇ ਹੋਰ ਯੋਜਨਾਵਾਂ ਦੇ ਨਾਲ-ਨਾਲ ਬੈਂਕਿੰਗ ਪ੍ਰਕਿਰਿਆ ਬਾਰੇ ਵਿਸ਼ੇਸ਼ ਤੌਰ 'ਤੇ ਜਾਣੂ ਕਰਵਾਇਆ ਗਿਆ। RBI ਟੀਮ ਨੇ ਜ਼ਮੀਨੀ ਚੁਣੌਤੀਆਂ ਦਾ ਮੁਲਾਂਕਣ ਕਰਨ ਲਈ ਜਲੰਧਰ ਵਿੱਚ MSME ਸਪੋਰਟਸ ਗੁਡਜ਼ ਕਲੱਸਟਰ ਦਾ ਦੌਰਾ ਕੀਤਾ।

---------------------------------------------------

ਯੂਕੋ ਬੈਂਕ ਨੇ ਪੈਨਸ਼ਨ ਫੰਡ ਨਿਆਮਕ ਅਤੇ ਵਿਕਾਸ ਅਥਾਰਟੀ ਦੇ ਸਹਿਯੋਗ ਨਾਲ ਬੀਤੇ ਦਿਨੀ  ਜਲੰਧਰ ਵਿਖੇ ਖੇਤੀਬਾੜੀ ਅਤੇ ਸੰਬੰਧਿਤ ਖੇਤਰਾਂ ਅਤੇ ਪੇਂਡੂ ਨੈਨੋ ਇਕਾਈਆਂ ਲਈ ਇੱਕ NPS ਜਾਗਰੂਕਤਾ ਪ੍ਰੋਗਰਾਮ ਕਰਵਾਇਆ । ਇਸ ਪ੍ਰੋਗਰਾਮ ਦਾ ਉਦੇਸ਼ ਕਿਸਾਨਾਂ, ਖੇਤੀਬਾੜੀ ਨਾਲ ਜੁੜੇ ਮਜ਼ਦੂਰਾਂ, ਫਾਰਮਰ ਪ੍ਰੋਡਿਊਸਰ ਆਰਗੇਨਾਈਜ਼ੇਸ਼ਨਾਂ (ਐਫਪੀਓਜ਼), ਪੇਂਡੂ ਉਦਯੋਗਪਤੀਆਂ ਅਤੇ ਗੈਰ-ਸੰਗਠਿਤ ਖੇਤਰ ਦੇ ਹਿੱਸੇਦਾਰਾਂ ਵਿੱਚ ਰਾਸ਼ਟਰੀ ਪੈਨਸ਼ਨ ਪ੍ਰਣਾਲੀ  ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਪਹਿਲ ਨੇ ਖਾਸ ਤੌਰ 'ਤੇ ਪੇਂਡੂ ਆਬਾਦੀ ਵਿੱਚ ਸੇਵਾਮੁਕਤੀ ਯੋਜਨਾਬੰਦੀ ਅਤੇ ਲੰਬੇ ਸਮੇਂ ਦੀ ਵਿੱਤੀ ਸੁਰੱਖਿਆ ਦੇ ਮਹੱਤਵ ਨੂੰ ਉਜਾਗਰ ਕੀਤਾ। ਯੂਕੋ ਬੈਂਕ, ਜ਼ੋਨਲ ਦਫ਼ਤਰ ਜਲੰਧਰ ਦੇ

ਜ਼ੋਨਲ ਮੁਖੀ  ਅਵਿਨਾਸ਼ ਪਾਂਡੇ ਨੇ ਵਿੱਤੀ ਸਮਾਵੇਸ਼ ਅਤੇ ਸਮਾਜਿਕ ਸੁਰੱਖਿਆ ਪ੍ਰਤੀ ਯੂਕੋ ਬੈਂਕ ਦੀ ਵਚਨਬੱਧਤਾ ਨੂੰ ਉਜਾਗਰ ਕਰਦੇ ਹੋਏ ਪੇਂਡੂ ਭਾਈਚਾਰਿਆਂ ਨੂੰ ਸੁਵਿਧਾਜਨਕ ਪੈਨਸ਼ਨ ਯੋਜਨਾਵਾਂ ਨਾਲ ਜੋੜਨ ਅਤੇ ਉਨ੍ਹਾਂ ਦੇ ਵਿੱਤੀ ਭਵਿੱਖ ਨੂੰ ਸੁਰੱਖਿਅਤ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

---------------------------------------------------------

ਮੌਸਮ ਵਿਭਾਗ ਨੇ 27 ਜੂਨ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਤੇਜ਼ ਹਵਾਵਾਂ ਚੱਲਣ ਅਤੇ ਗਰਜ ਚਮਕ ਦੇ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ ਅੱਜ ਦਰਜ ਕੀਤੇ ਗਏ ਵੱਧ ਤੋਂ ਵੱਧ ਤਾਪਮਾਨ ਨਾਲ ਪੰਜਾਬ ਵਿੱਚ ਫਰੀਦਕੋਟ 40.1 ਡਿਗਰੀ ਸੈਲਸੀਅਸ ਅਤੇ ਹਰਿਆਣਾ ਵਿੱਚ ਰੋਹਤਕ 42.1 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ ਰਿਹਾ ਜਦ ਕਿ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ 30.5 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ

---------------------------------------------------------

ਭਾਰਤ ਅੱਜ ਮੈਨਚੈਸਟਰ ਦੇ ਅਮੀਰਾਤ ਓਲਡ ਟ੍ਰੈ-ਫੋਰਡ ਵਿਖੇ ਔਰਤਾਂ ਦੇ ICC twenty -20 ਵਿਸ਼ਵ ਕੱਪ ਦੇ ਗਰੁੱਪ ਏ ਦੇ ਮੁਕਾਬਲੇ ਵਿੱਚ

ਬੰਗਲਾਦੇਸ਼ ਖਿਲਾਫ਼ ਖੇਡੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਣਾ ਏ।

-----------------------------------------------------

- ਬਿਜਲੀ ਮੰਤਰੀ ਮਨੋਹਰ ਲਾਲ ਨੇ ਊਰਜਾ ਪ੍ਰਣਾਲੀਆਂ 'ਤੇ ਮਜ਼ਬੂਤ ਬ੍ਰਿਕਸ ਸਹਿਯੋਗ ਦਾ ਸੱਦਾ ਦਿੱਤਾ।
- ਪੰਜਾਬ ਭਰ ਵਿੱਚ ਅੱਜ ਤੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ-SIR ਸ਼ੁਰੂ ਹੋਈ -24 ਜੁਲਾਈ ਤੱਕ ਜਾਰੀ ਰਹੇਗੀ।
- ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਲੜਾਈ ਲਈ ਪੂਰੇ ਸਮਾਜ ਦੀ ਭਾਗੀਦਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦਿਆਂ ਅੱਜ 'ਸਾਂਝਾ ਸੁਨੇਹਾ -ਇਕਜੁੱਟ ਪੰਜਾਬ' ਪ੍ਰੋਗਰਾਮ ਦਾ ਆਯੋਜਨ।
- ਫਰਾਂਸ ਵਿੱਚ ਭਾਰਤੀ ਵਿਦੇਸ਼ ਮੰਤਰਾਲੇ ਦੇ ਦਖਲ ਤੋਂ ਬਾਅਦ ਅੱਜ ਪੈਰਿਸ ਵਿੱਚ ਹੋਣ ਵਾਲੀ ਚੰਡੀਗੜ੍ਹ ਦੇ ਵਿਰਾਸਤੀ ਫਰਨੀਚਰ ਦੀ ਨਿਲਾਮੀ ਰੋਕੀ ਗਈ।

- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਵਿਚ ਵੱਖ ਵੱਖ ਕਾਰਵਾਈਆਂ ਦੌਰਾਨ, 9 ਮੁਲਜ਼ਮਾਂ ਨੂੰ 12 ਹਥਿਆਰਾਂ, ਵੱਡੀ ਗਿਣਤੀ ਵਿਚ ਕਾਰਤੂਸ ਅਤੇ ਨਕਦੀ ਸਮੇਤ ਕੀਤਾ ਗ੍ਰਿਫ਼ਤਾਰ।

- ਔਰਤਾਂ ਦੇ ICC twenty- twenty ਕ੍ਰਿਕੇਟ ਵਿਸ਼ਵ ਕੱਪ ਦੇ ਗਰੁੱਪ-ਏ ਮੈਚ ਵਿੱਚ, ਭਾਰਤ ਦਾ ਮੁਕਾਬਲਾ ਸ਼ਾਮ 7 ਵਜੇ ਬੰਗਲਾਦੇਸ਼ ਨਾਲ।

---------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7:30 ਵਜੇ ਨਮਸਕਾਰ** !